ਆਕਾਸ਼ਵਾਣੀ ਜਲੰਧਰ

ਰਾਸ਼ਟਰੀ ਖਬਰਾਂ ਪੰਜਾਬੀ

13:40

ਮਿਤੀ: 26-11-2026

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਸੰਵਿਧਾਨ ਸਭਾ ਵੱਲੋਂ 1949 ਵਿੱਚ ਭਾਰਤ ਦਾ ਸੰਵਿਧਾਨ ਅਪਣਾਏ ਜਾਣ ਦੀ ਯਾਦ ਵਿਚ ਅੱਜ ਦੇਸ਼ ਭਰ 'ਚ ਸੰਵਿਧਾਨ ਦਿਵਸ ਮਨਾਇਆ ਜਾ ਰਿਹਾ ਏ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਹੈ ਕਿ ਪਿਛਲੇ ਦਹਾਕੇ ਦੌਰਾਨ, ਸਰਕਾਰ ਨੇ ਨਾਗਰਿਕਾਂ ਦੇ ਫਰਜ਼ਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਏ |

- ਦੇਸ਼ ਅੱਜ 26/11 ਦੇ ਮੁੰਬਈ ਦਹਿਸ਼ਤਗਰਦ ਹਮਲਿਆਂ 'ਚ ਜਾਨਾ ਗਵਾਉਣ ਵਾਲੇ ਨਿਰਦੋਸ਼ ਲੋਕਾਂ ਅਤੇ ਸੁਰੱਖਿਆ ਮੁਲਜ਼ਮਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ |

- ਭਾਰਤ ਨੇ ਸਾਲ 2025-26 ਵਿੱਚ 37 ਕਰੋੜ 80 ਲੱਖ ਟਨ ਤੋਂ ਵੱਧ ਅਨਾਜ ਉਤਪਾਦਨ ਦਾ ਨਵਾਂ ਰਿਕਾਰਡ ਕਾਇਮ ਕੀਤਾ ਏ।

- ਚੋਣ ਕਮਿਸ਼ਨ ਨੇ 25 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਮੌਜੂਦਾ ਵੋਟਰ ਸੂਚੀਆਂ 'ਚ ਗ਼ਲਤ ਜਾਂ ਤਰੁਟੀਪੂਰਨ ਦਾਖਲਿਆਂ ਨੂੰ ਠੀਕ ਕਰਨ ਲਈ ਕਿਹਾ ਏ।

ਹੁਣ ਖਬਰਾਂ ਵਿਸਥਾਰ ਨਾਲ

ਅੱਜ ਦੇਸ਼ ਭਰ ਵਿੱਚ ਸੰਵਿਧਾਨ ਦਿਵਸ ਮਨਾਇਆ ਜਾ ਰਿਹਾ ਹੈ। ਇਹ ਦਿਨ 1949 ਵਿੱਚ ਸੰਵਿਧਾਨ ਸਭਾ ਵੱਲੋਂ ਭਾਰਤ ਦੇ ਸੰਵਿਧਾਨ ਨੂੰ ਅਪਣਾਏ ਜਾਣ ਦੀ ਯਾਦ ਦਿਵਾਉਂਦਾ ਹੈ। 2015 ਤੋਂ, ਸੰਵਿਧਾਨ ਦਿਵਸ ਸੰਵਿਧਾਨ ਵਿੱਚ ਦਰਜ ਸਿਧਾਂਤਾਂ ਅਤੇ ਕਦਰਾਂ-ਕੀਮਤਾਂ 'ਤੇ ਵਿਚਾਰ ਕਰਨ ਅਤੇ ਇਸਦੇ ਆਦਰਸ਼ਾਂ ਪ੍ਰਤੀ ਸਾਡੀ ਸਮੂਹਿਕ ਵਚਨਬੱਧਤਾ ਦੀ ਪੁਸ਼ਟੀ ਕਰਨ ਦੇ ਮੌਕੇ ਵਜੋਂ ਮਨਾਇਆ ਜਾਂਦਾ ਹੈ। ਇਸ ਦਾ ਉਦੇਸ਼ ਸੰਵਿਧਾਨਕ ਜਾਗਰੂਕਤਾ ਨੂੰ ਮਜ਼ਬੂਤ ਕਰਨਾ, ਨਾਗਰਿਕਾਂ ਵਿੱਚ ਜ਼ਿੰਮੇਵਾਰੀ ਨੂੰ ਉਤਸ਼ਾਹਿਤ ਕਰਨਾ ਅਤੇ ਦੇਸ਼ ਦੀਆਂ ਲੋਕਤੰਤਰੀ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਵਿੱਚ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੈ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸੰਵਿਧਾਨ ਦਿਵਸ ਦੀ 77ਵੀਂ ਵਰ੍ਹੇਗੰਢ ਦੇ ਮੌਕੇ 'ਤੇ ਸਾਰੇ ਨਾਗਰਿਕਾਂ ਨੂੰ ਵਧਾਈ ਦਿੱਤੀ ਏ । ਪ੍ਰਧਾਨ ਮੰਤਰੀ ਨੇ ਡਾ. ਬੀ.ਆਰ. ਅੰਬੇਡਕਰ ਅਤੇ ਸੰਵਿਧਾਨ ਸਭਾ ਦੀਆਂ ਹੋਰ ਸਾਰੀਆਂ ਮਹਾਨ ਸ਼ਖਸੀਅਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸ਼੍ਰੀ ਮੋਦੀ ਨੇ ਕਿਹਾ ਕਿ ਸੰਵਿਧਾਨ ਦੇ ਰੂਪ ਵਿੱਚ ਸਾਨੂੰ ਦਿੱਤਾ ਗਿਆ ਤੋਹਫ਼ਾ ਭਾਰਤੀ ਲੋਕਤੰਤਰ ਦੀ ਇੱਕ ਅਨਮੋਲ ਵਿਰਾਸਤ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਇੱਕ ਵਿਕਸਤ ਭਾਰਤ ਲਈ ਸਾਡੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਸਾਡੀ ਅਗਵਾਈ ਕਰਦਾ ਰਹੇਗਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਵਿਧਾਨ ਦਿਵਸ ਸੰਵਿਧਾਨ ਦੀਆਂ ਕਦਰਾਂ ਕੀਮਤਾਂ ਨੂੰ ਮਜ਼ਬੂਤ ਕਰਨ ਲਈ ਸਾਡੀ ਵਚਨਬੱਧਤਾ ਨੂੰ ਦੁਹਰਾਉਣ ਦਾ ਮੌਕਾ ਏ ।

ਏਧਰ ਪੰਜਾਬ ਵਿਚ ਵੀ ਅੱਜ ਸੰਵਿਧਾਨ ਦਿਵਸ ਮੌਕੇ ਵੱਖ ਵੱਖ ਪ੍ਰੋਗਰਾਮ ਕੀਤੇ ਜਾ ਰਹੇ ਨੇ | ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਪੱਤਰ ਸੂਚਨਾ ਬਿਊਰੋ ਜਲੰਧਰ ਅਤੇ ਕੇਂਦਰੀ ਸੰਚਾਰ ਬਿਊਰੋ ਨੇ ਅੱਜ ਜਲੰਧਰ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਬਸਤੀ ਸ਼ੇਖ 'ਚ ਸੰਵਿਧਾਨ ਦਿਵਸ ਮਨਾਇਆ । ਇਸ ਦਾ ਉਦੇਸ਼ ਵਿਦਿਆਰਥੀਆਂ ਨੂੰ ਭਾਰਤੀ ਸੰਵਿਧਾਨ ਦੇ ਮੂਲ ਸਿਧਾਂਤਾਂ, ਲੋਕਤੰਤਰੀ ਕਦਰਾਂ-ਕੀਮਤਾਂ ਅਤੇ ਨਾਗਰਿਕ ਫਰਜ਼ਾਂ ਬਾਰੇ ਜਾਗਰੂਕ ਕਰਨਾ ਸੀ। ਜਲੰਧਰ ਸਥਿਤ ਡੀ.ਏ.ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਨੇ

ਇਹ ਦਿਨ ਸਮੂਹਕ ਰੂਪ 'ਚ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹਕੇ ਮਨਾਇਆ। ਇਸੇ ਤਰਾਂ ਲਾਡੋਵਾਲੀ ਰੋਡ ਸਥਿਤ ਸਕੂਲ ਆਫ਼ ਐਮੀਨੈਂਸ, ਅਤੇ ਜਲੰਧਰ ਛਾਉਣੀ ਸਥਿਤ ਮੁੰਡਿਆਂ ਦੇ ਕੰਟੋਨਮੈਂਟ ਬੋਰਡ ਸੀਨੀਅਰ ਸੈਕੰਡਰੀ ਸਕੂਲ ਸਮੇਤ ਸੂਬੇ ਦੇ ਹੋਰਨਾਂ ਸਕੂਲਾਂ ਅਤੇ ਵਿਦਿਅਕ ਅਦਾਰਿਆਂ ਵਿੱਚ ਵੀ ਸੰਵਿਧਾਨ ਦਿਵਸ ਮਨਾਇਆ ਗਿਆ। ਓਧਰ ਫ਼ਿਰੋਜ਼ਪੁਰ ਦੇ ਡਿਵੀਜ਼ਨਲ ਦਫ਼ਤਰ, ਵਿਖੇ, ਡਿਵੀਜ਼ਨਲ ਰੇਲਵੇ ਮੈਨੇਜਰ ਸੰਜੀਵ ਕੁਮਾਰ ਦੀ ਅਗਵਾਈ ਹੇਠ ਮੌਜੂਦ ਅਧਿਕਾਰੀਆਂ ਅਤੇ ਮੁਲਾਜ਼ਮਾਂ ਨੇ ਸੰਵਿਧਾਨ ਦੀ ਪ੍ਰਸਤਾਵਨਾ ਪੜ੍ਹਦੇ ਹੋਏ ਸੰਵਿਧਾਨ ਪ੍ਰਤੀ ਵਚਨਬੱਧ ਰਹਿਣ ਦਾ ਅਹਦ ਕੀਤੈ। ਰੇਲਵੇ ਸਟੇਸ਼ਨਾਂ ਅਤੇ ਦਫਤਰਾਂ 'ਚ ਰੇਲਵੇ ਮੁਸਾਫ਼ਰਾਂ ਅਤੇ ਕਰਮਚਾਰੀਆਂ ਨੂੰ ਸੰਵਿਧਾਨਕ ਕਦਰਾਂ-ਕੀਮਤਾਂ ਦੀ ਜਾਣਕਾਰੀ ਦਿਤੀ ਗਈ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਸਰਕਾਰ ਨੇ ਨਾਗਰਿਕਾਂ ਦੇ ਫ਼ਰਜ਼ਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਭਾਰਤੀ ਸਭਿਅਤਾ ਨੇ ਹਮੇਸ਼ਾ ਸਮਾਜ ਵਿੱਚ ਹਰੇਕ ਵਿਅਕਤੀ ਦੀ ਭੂਮਿਕਾ ਨਾਲ ਜੁੜੀਆਂ ਜ਼ਿੰਮੇਵਾਰੀਆਂ 'ਤੇ ਬਲ ਦਿੱਤਾ ਹੈ। ਸੰਵਿਧਾਨ ਦਿਵਸ ਮੌਕੇ ਹਿੰਦੀ ਤੇ ਅੰਗਰੇਜ਼ੀ ਰੋਜ਼ਾਨਾ ਅਖ਼ਬਾਰਾਂ ਵਿੱਚ ਅੱਜ ਪ੍ਰਕਾਸ਼ਿਤ ਇੱਕ ਵਿਚਾਰ ਲੇਖ ਵਿੱਚ ਸ੍ਰੀ ਮੋਦੀ ਨੇ ਕਿਹਾ ਕਿ ਫ਼ਰਜ਼ ਦੀ ਇਹ ਭਾਵਨਾ ਸਵੱਛ ਭਾਰਤ, ਪਾਣੀ ਸੰਭਾਲ ਤੇ ਵਾਤਾਵਰਨ ਸੁਰੱਖਿਆ ਵਰਗੇ ਕਈ ਜਨ ਅੰਦੋਲਨਾਂ ਵਿੱਚ ਝਲਕਦੀ ਹੈ। ਸ੍ਰੀ ਮੋਦੀ ਨੇ ਦੇਸ਼ ਵਾਸੀਆਂ ਨੂੰ ਸੰਵਿਧਾਨ ਦੀ ਭਾਵਨਾ ਨੂੰ ਕਾਇਮ ਰੱਖਣ ਤੇ 2047 ਤੱਕ

ਇੱਕ ਵਿਕਸਿਤ ਭਾਰਤ ਦੇ ਨਿਰਮਾਣ ਲਈ ਰਲ ਕੇ ਕੰਮ ਕਰਨ ਦਾ ਸੱਦਾ ਦਿੱਤਾ। ਅੰਗਰੇਜ਼ੀ ਤੇ ਹਿੰਦੀ ਰੋਜ਼ਾਨਾ ਅਖ਼ਬਾਰਾਂ ਵਿੱਚ ਪ੍ਰਕਾਸ਼ਿਤ ਇੱਕ ਲੇਖ ਵਿੱਚ ਪ੍ਰਧਾਨ ਮੰਤਰੀ ਨੇ 1949 ਵਿੱਚ ਸੰਵਿਧਾਨ ਅਪਣਾਏ ਜਾਣ ਦੀ ਯਾਦ ਕੀਤਾ ਅਤੇ ਰਾਸ਼ਟਰੀ ਯਤਨਾਂ ਵਿੱਚ ਭਾਰਤ ਨੂੰ ਸਭ ਤੋਂ ਉੱਪਰ ਰੱਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸੰਵਿਧਾਨ ਦਾ ਪ੍ਰਭਾਵ ਸੰਸਦ ਤੇ ਅਦਾਲਤਾਂ ਤੱਕ ਸੀਮਤ ਨਹੀਂ ਹੋਣਾ ਚਾਹੀਦਾ, ਸਗੋਂ ਇਹ ਆਮ ਲੋਕਾਂ ਖ਼ਾਸ ਕਰਕੇ ਨੌਜਵਾਨਾਂ ਦੀ ਸਮੂਹਿਕ ਚੇਤਨਾ ਦਾ ਇੱਕ ਅਨਿੱਖੜਵਾਂ ਅੰਗ ਬਣਨਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ 26 ਨਵੰਬਰ ਨੂੰ 'ਸੰਵਿਧਾਨ ਦਿਵਸ' ਵਜੋਂ ਮਨਾਉਣ ਦਾ ਫੈਸਲਾ ਸੰਵਿਧਾਨ ਨਾਲ ਲੋਕਾਂ ਦੇ ਸਬੰਧ ਨੂੰ ਮਜ਼ਬੂਤ ਕਰਨ ਲਈ ਲਿਆ ਗਿਆ ਸੀ। ਡਾ. ਰਾਜੇਂਦਰ ਪ੍ਰਸਾਦ, ਡਾ. ਬਾਬਾ ਸਾਹਿਬ ਅੰਬੇਡਕਰ ਅਤੇ ਸੰਵਿਧਾਨ ਸਭਾ ਦੇ ਸਾਰੇ ਮੈਂਬਰਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ, ਸ਼੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਮਹਾਨਤਾ ਇਸ ਤੱਥ ਵਿੱਚ ਹੈ ਕਿ ਉਨ੍ਹਾਂ ਨੇ ਆਧੁਨਿਕ ਸੰਵਿਧਾਨ ਦਾ ਖਰੜਾ ਤਿਆਰ ਕਰਦੇ ਸਮੇਂ ਭਾਰਤ ਦੀਆਂ ਅਮੀਰ ਰਵਾਇਤਾਂ ਅਤੇ ਸੱਭਿਅਤਾਗਤ ਗਿਆਨ ਦਾ ਪੂਰਾ ਉਪਯੋਗ ਕੀਤਾ।

ਦੇਸ਼ ਅੱਜ 2008 ਵਿੱਚ ਮੁੰਬਈ ਵਿੱਚ ਹੋਏ 26/11 ਦੇ ਦਹਿਸ਼ਤਗਰਦ ਹਮਲਿਆਂ ਦੌਰਾਨ ਆਪਣੀ ਜਾਨ ਗੁਆਉਣ ਵਾਲੇ ਬੇਕਸੂਰ ਲੋਕਾਂ ਨੂੰ ਯਾਦ ਕਰ ਰਿਹਾ ਹੈ ਅਤੇ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਹੈ। ਅੱਜ ਉਸ ਘਟਨਾ ਦੇ 18 ਸਾਲ ਪੂਰੇ ਹੋ ਗਏ ਨੇ , ਜਦੋਂ ਲਸ਼ਕਰ-ਏ-ਤੋਇਬਾ ਦੇ ਦਸ ਹਥਿਆਰਬੰਦ ਦਹਿਸ਼ਤਗਰਦਾਂ ਨੇ ਮੁੰਬਈ

ਵਿੱਚ ਇੱਕੋ ਸਮੇਂ ਕਈ ਥਾਵਾਂ 'ਤੇ ਹਮਲੇ ਕੀਤੇ ਸਨ। ਤਾਜ ਪੈਲੇਸ ਹੋਟਲ, ਓਬਰਾਏ ਟ੍ਰਾਈਡੈਂਟ, ਛਤਰਪਤੀ ਸ਼ਿਵਾਜੀ ਟਰਮੀਨਸ ਅਤੇ ਨਰੀਮਨ ਹਾਊਸ ਵਰਗੀਆਂ ਪ੍ਰਮੁੱਖ ਥਾਵਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਇਹ ਹਮਲੇ ਲਗਭਗ 60 ਘੰਟੇ ਤੱਕ ਚੱਲੇ। ਇਨ੍ਹਾਂ ਹਮਲਿਆਂ ਵਿੱਚ 166 ਲੋਕਾਂ ਦੀ ਜਾਨ ਚਲੀ ਗਈ ਸੀ ਅਤੇ 300 ਤੋਂ ਵੱਧ ਜ਼ਖ਼ਮੀ ਹੋਏ ਸਨ। ਨੌਂ ਦਹਿਸ਼ਤਗਰਦ ਮਾਰੇ ਗਏ ਸਨ, ਜਦੋਂ ਕਿ ਅਜਮਲ ਕਸਾਬ ਨੂੰ ਜ਼ਿੰਦਾ ਫੜ ਲਿਆ ਗਿਆ ਸੀ, ਜਿਸ ਨੂੰ ਬਾਅਦ ਵਿਚ ਦੋਸ਼ੀ ਠਹਿਰਾਇਆ ਗਿਆ ਸੀ ਅਤੇ ਫਾਂਸੀ ਦਿੱਤੀ ਗਈ ਸੀ। ਇਹ ਬਰਸੀ ਸਾਨੂੰ ਦਹਿਸ਼ਤਗਰਦੀ ਵਿਰੁੱਧ ਸੁਚੇਤ ਰਹਿਣ ਅਤੇ ਰਾਸ਼ਟਰੀ ਸੁਰੱਖਿਆ ਨੂੰ ਮਜ਼ਬੂਤ ਕਰਨ ਦੀ ਲੋੜ ਦੀ ਯਾਦ ਦਿਵਾਉਂਦੀ ਏ |

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਅੱਜ 2008 ਵਿੱਚ 26/11 ਦੇ ਮੁੰਬਈ ਦਹਿਸ਼ਤਗਰਦ ਹਮਲੇ ਦੌਰਾਨ ਬਹਾਦਰੀ ਨਾਲ ਮੁਕਾਬਲਾ ਕਰਨ ਵਾਲੇ ਬਹਾਦਰ ਸੈਨਿਕਾਂ, ਪੁਲਿਸ ਵਾਲਿਆਂ ਅਤੇ ਹੋਰਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਅਤੇ ਨਿਸਵਾਰਥ ਸੇਵਾ ਹਮੇਸ਼ਾ ਰਾਸ਼ਟਰ ਦੀ ਯਾਦ ਵਿੱਚ ਉੱਕਰੀ ਰਹੇਗੀ। ਉਨ੍ਹਾਂ ਕਿਹਾ ਕਿ ਦਹਿਸ਼ਤਗਰਦੀ ਲੋਕਾਂ ਦੇ ਜੀਵਨ ਨੂੰ ਤਬਾਹ ਕਰ ਸਕਦੀ ਹੈ, ਪਰ ਇਹ ਹਿੰਮਤ, ਹਮਦਰਦੀ ਅਤੇ ਦ੍ਰਿੜਤਾ ਨਾਲ ਇੱਕਜੁੱਟ ਰਾਸ਼ਟਰ ਦੀ ਭਾਵਨਾ ਨੂੰ ਕਦੇ ਨਹੀਂ ਤੋੜ ਸਕਦੀ । ਰਾਸ਼ਟਰਪਤੀ ਨੇ ਕਿਹਾ ਕਿ ਪੂਰਾ ਦੇਸ਼ ਹਮਲੇ ਦੇ ਬਚੇ ਹੋਏ ਲੋਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਖੜ੍ਹਾ ਏ ।

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ 2008 'ਚ 26/11 ਮੁੰਬਈ ਦਹਿਸ਼ਤਗਰਦ ਹਮਲਿਆਂ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲਿਆਂ ਅਤੇ ਦਹਿਸ਼ਤਗਰਦਾਂ ਦਾ ਮੁਕਾਬਲਾ ਕਰਨ ਵਾਲੇ ਬਹਾਦਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਬਹਾਦਰ ਸੁਰੱਖਿਆ ਕਰਮਚਾਰੀਆਂ ਦੀ ਬੇਮਿਸਾਲ ਹਿੰਮਤ ਅਤੇ ਸਰਵਉੱਚ ਕੁਰਬਾਨੀ ਨੂੰ ਨਮਨ ਕੀਤਾ । ਉਨ੍ਹਾਂ ਕਿਹਾ ਕਿ ਭਾਰਤ ਦਹਿਸ਼ਤਗਰਦੀ ਦੇ ਹਰ ਰੂਪ ਪ੍ਰਤੀ ਜ਼ੀਰੋ ਟਾਲਰੈਂਸ ਦੀ ਆਪਣੀ
ਨੀਤੀ 'ਤੇ ਅਡੋਲ ਏ |

ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਐਲਾਨ ਕੀਤਾ ਹੈ ਕਿ ਭਾਰਤ ਨੇ 2025-26 ਵਿੱਚ 37 ਕਰੋੜ 80 ਲੱਖ ਟਨ ਤੋਂ ਵੱਧ ਅਨਾਜ ਉਤਪਾਦਨ ਦਾ ਨਵਾਂ ਰਿਕਾਰਡ ਕਾਇਮ ਕੀਤਾ ਹੈ। ਇਹ ਪਿਛਲੇ ਸਾਲ ਨਾਲੋਂ 2 ਕਰੋੜ 80 ਲੱਖ ਟਨ ਵੱਧ ਹੈ। ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਚੌਹਾਨ ਨੇ ਕਿਹਾ ਕਿ ਭਾਰਤ ਲਗਾਤਾਰ ਦੂਜੇ ਸਾਲ ਦੁਨੀਆ ਦਾ ਸਭ ਤੋਂ ਵੱਡਾ ਚੌਲ ਉਤਪਾਦਕ ਦੇਸ਼ ਬਣਿਆ ਹੈ।
BYTE
ਭਾਰਤ ਕਣਕ ਦੇ ਉਤਪਾਦਨ ਵਿੱਚ 12 ਕਰੋੜ 20 ਲੱਖ ਟਨ ਉਤਪਾਦਨ ਨਾਲ ਵਿਸ਼ਵ ਪੱਧਰ 'ਤੇ ਦੂਜੇ ਸਥਾਨ 'ਤੇ ਹੈ। ਸ੍ਰੀ ਚੌਹਾਨ ਨੇ

ਇਹ ਵੀ ਕਿਹਾ ਕਿ ਦਾਲਾਂ ਦਾ ਉਤਪਾਦਨ ਵੀ ਪਿਛਲੇ ਸਾਲ ਲਗਭਗ 256 ਲੱਖ ਟਨ ਤੋਂ ਵੱਧ ਕੇ ਹੁਣ 272 ਲੱਖ ਟਨ ਹੋ ਗਿਆ ਹੈ। 2026-27 ਦੀ ,ਸਾਉਣੀ ਰੁੱਤ ਲਈ ਅਗਾਊਂ ਅਨੁਮਾਨ ਜਾਰੀ ਕਰਦੇ ਹੋਏ, ਸ਼੍ਰੀ ਚੌਹਾਨ ਨੇ ਕਿਹਾ ਕਿ ਪ੍ਰਤੀਕੂਲ ਮੌਸਮ, ਮੌਨਸੂਨ 'ਚ ਦੇਰੀ ਮਿੱਟੀ 'ਚ ਨਮੀ ਦੇ ਬਾਵਜੂਦ,ਸਾਉਣੀ ਅਨਾਜ ਉਤਪਾਦਨ ਪੰਜ ਸਾਲਾਂ ਦੀ ਔਸਤ ਤੋਂ 97 ਲੱਖ 67 ਹਜ਼ਾਰ ਟਨ ਵੱਧ ਹੋਣ ਦਾ ਅਨੁਮਾਨ ਹੈ।

ਚੋਣ ਕਮਿਸ਼ਨ ਨੇ 25 ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਮੌਜੂਦਾ ਵੋਟਰ ਸੂਚੀਆਂ ਵਿੱਚ ਵੋਟਰਾਂ ਦੇ ਵੇਰਵਿਆਂ ਵਿੱਚ ਗ਼ਲਤ ਜਾਂ ਤਰੁੱਟੀਪੂਰਨ ਦਾਖ਼ਲਿਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਠੀਕ ਕਰਨ ਲਈ ਕਿਹਾ ਹੈ। ਮੁੱਖ ਚੋਣ ਅਧਿਕਾਰੀਆਂ ਨੂੰ ਲਿਖੇ ਇੱਕ ਪੱਤਰ ਵਿੱਚ ਕਮਿਸ਼ਨ ਨੇ ਕਿਹਾ ਕਿ ਨਾਮ ਅਤੇ ਜਨਮ ਤਰੀਕ ਵਰਗੇ ਵੇਰਵਿਆਂ ਵਿੱਚ ਗ਼ਲਤੀਆਂ ਦੀ ਪਛਾਣ ਕੀਤੀ ਜਾਣੀ ਚਾਹੀਦੀ ਹੈ। ਕਮਿਸ਼ਨ ਨੇ ਕਿਹਾ ਕਿ ਸੁਧਾਰਾਂ ਲਈ ਸੰਬੰਧਿਤ ਵੋਟਰਾਂ ਦੇ ਮੌਜੂਦਾ ਚੋਣ ਵੇਰਵਿਆਂ ਦੀ ਤੁਲਨਾ ਵਿਸ਼ੇਸ਼ ਸੰਖੇਪ ਸੋਧ ਦੌਰਾਨ ਇਕੱਠੀ ਕੀਤੀ ਗਈ ਸੰਬੰਧਿਤ ਜਾਣਕਾਰੀ ਨਾਲ ਕੀਤੀ ਜਾਣੀ ਚਾਹੀਦੀ ਹੈ। ਇਸ ਉਦੇਸ਼ ਲਈ ਬੂਥ ਲੈਵਲ ਅਫ਼ਸਰ ਬੀ. ਐਲ. ਓ. ਚੱਲ ਰਹੇ ਐੱਸ. ਆਈ. ਆਰ. ਦੌਰਾਨ ਸੰਬੰਧਿਤ ਵੋਟਰਾਂ ਨੂੰ ਮਿਲਣਗੇ ਤਾਂ ਜੋ ਉਨ੍ਹਾਂ ਦੇ ਵੇਰਵਿਆਂ ਦੀ ਪੁਸ਼ਟੀ ਕੀਤੀ ਜਾ ਸਕੇ।

ਸੋਭਾ ਸਿੰਘ ਮੈਮੋਰੀਅਲ ਆਰਟ ਸੋਸਾਇਟੀ ਕੱਲ੍ਹ 27 ਨਵੰਬਰ ਨੂੰ ਇਸ ਉੱਘੇ ਕਲਾਕਾਰ ਦੀ 125ਵੀਂ ਜਨਮ ਵਰ੍ਹੇਗੰਢ ਮਨਾ ਰਹੀ ਹੈ। ਇਸ ਸਾਲ ਚੱਲਣ ਵਾਲੇ ਜਸ਼ਨ ਉਨ੍ਹਾਂ ਦੀ ਜਨਮਭੂਮੀ , ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ 'ਚ ਸ਼੍ਰੀ ਹਰਗੋਬਿੰਦਪੁਰ ਤੋਂ ਸ਼ੁਰੂ ਹੋਣਗੇ ਅਤੇ ਨਵੰਬਰ 2027 ਵਿੱਚ ਉਨ੍ਹਾਂ ਦੀ ਕਰਮਭੂਮੀ, ਹਿਮਾਚਲ ਪ੍ਰਦੇਸ਼ ਦੇ ਅੰਦਰੇਟਾ ਵਿਖੇ ਖਤਮ ਹੋਣਗੇ। ਇਹ ਸਮਾਰੋਹ "ਜਨਮਭੂਮੀ ਤੋਂ ਕਰਮਭੂਮੀ" ਥੀਮ ਦੇ ਆਲੇ ਦੁਆਲੇ ਘੁੰਮਣਗੇ। ਉਨ੍ਹਾਂ ਦੇ ਪੋਤੇ ਅਤੇ ਸੋਸਾਇਟੀ ਦੇ ਜਨਰਲ ਸਕੱਤਰ ਡਾ. ਹਿਰਦੈ ਪਾਲ ਸਿੰਘ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਭਾਰਤੀ ਕਲਾ ਪ੍ਰੇਮੀਆਂ ਲਈ ਕਲਾਕਾਰ ਦੇ ਸ਼ਾਨਦਾਰ ਯੋਗਦਾਨ ਨੂੰ ਉਜਾਗਰ ਕਰਨ ਲਈ ਯੂਨੀਵਰਸਿਟੀਆਂ, ਸੱਭਿਆਚਾਰਕ ਸੰਗਠਨਾਂ, ਵਿਦਿਅਕ ਅਦਾਰਿਆਂ ਅਤੇ ਰਾਜ ਸਰਕਾਰਾਂ ਦੇ ਸਹਿਯੋਗ ਨਾਲ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਵਿੱਚ ਕਈ , ਸੱਭਿਆਚਾਰਕ ਅਤੇ ਵਿਦਿਅਕ ਗਤੀਵਿਧੀਆਂ ਤਜਵੀਜ਼ ਕੀਤੀਆਂ ਗਈਆਂ ਨੇ।

57ਵੇਂ ਭਾਰਤੀ ਅੰਤਰਰਾਸ਼ਟਰੀ ਫਿਲਮ ਸਮਾਰੋਹ IFFI। ਸਿਨੇਮਾ ਵਿੱਚ ਔਰਤਾਂ ਦੇ ਵਧ ਰਹੇ ਯੋਗਦਾਨ ਨੂੰ ਉਜਾਗਰ ਕਰ ਰਿਹਾ ਹੈ। ਇਸ ਸਾਲ, 52 ਮਹਿਲਾ ਫਿਲਮ ਨਿਰਮਾਤਾਵਾਂ ਇਸ ਫੈਸਟੀਵਲ ਵਿੱਚ ਹਿੱਸਾ ਲੈ ਰਹੀਆਂ ਨੇ । ਭਾਰਤੀ ਮਹਿਲਾ ਫਿਲਮ ਨਿਰਮਾਤਾ ਆਪਣੀਆਂ ਵੱਖ -

ਵੱਖ ਕਹਾਣੀਆਂ ਅਤੇ ਨਵੇਂ ਦ੍ਰਿਸ਼ਟੀਕੋਣਾਂ ਨਾਲ ਸਿਨੇਮਾ ਨੂੰ ਮੁੜ ਆਕਾਰ ਦੇ ਰਹੀਆਂ ਨੇ । ਲੀਨਾ ਯਾਦਵ ਦੀ ਲੱਦਾਖੀ ਫਿਲਮ "ਬੀਕਮਿੰਗ" ਅਧਿਆਤਮਿਕਤਾ ਅਤੇ ਕਿਸਮਤ ਵਰਗੇ ਵਿਸ਼ਿਆਂ ਦੀ ਘੋਖ ਕਰਦੀ ਏ। ਮੁਸਕਾਨ ਅਸਥਾਨਾ ਦੀ "ਸੇਵ ਮਿੱਚਰ", ਅਨੁਪਮਾ ਸ਼ਰਧੀ ਦੀ "ਪੀਲੀ ਚੰਨੇ", ਅਤੇ ਅੰਤਰਾ ਜੀ ਜੀ ਚੌਧਰੀ ਦੀ "ਸੂਰਜਮੁਖੀ" ਭਾਰਤੀ ਕਹਾਣੀਆਂ ਦੀ ਵਿਭਿੰਨਤਾ ਨੂੰ ਉਜਾਗਰ ਕਰਦੀਆਂ ਨੇ । ਕਿਰਗਿਜ਼ ਫਿਲਮ ਨਿਰਮਾਤਾ ਨਰਗੀਜ਼ਾ ਦੋਤੀਏਵਾ ਦੀ ਫਿਲਮ "ਸਕਾਈਲਾਰਕ" ਇੱਕ ਕਿਸ਼ੋਰ ਦੇ ਜੀਵਨ 'ਤੇ ਸਰਹੱਦੀ ਵਿਵਾਦਾਂ ਦੇ ਪ੍ਰਭਾਵ ਨੂੰ ਦਰਸਾਉਂਦੀ ਏ।

- ਸੰਵਿਧਾਨ ਸਭਾ ਵੱਲੋਂ 1949 ਵਿੱਚ ਭਾਰਤ ਦਾ ਸੰਵਿਧਾਨ ਅਪਣਾਏ ਜਾਣ ਦੀ ਯਾਦ ਵਿਚ ਅੱਜ ਦੇਸ਼ ਭਰ 'ਚ ਸੰਵਿਧਾਨ ਦਿਵਸ ਮਨਾਇਆ ਜਾ ਰਿਹਾ ਏ |

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਹੈ ਕਿ ਪਿਛਲੇ ਦਹਾਕੇ ਦੌਰਾਨ, ਸਰਕਾਰ ਨੇ ਨਾਗਰਿਕਾਂ ਦੇ ਫਰਜ਼ਾਂ 'ਤੇ ਵਿਸ਼ੇਸ਼ ਜ਼ੋਰ ਦਿੱਤਾ ਏ |

- ਦੇਸ਼ ਅੱਜ 26/11 ਦੇ ਮੁੰਬਈ ਦਹਿਸ਼ਤਗਰਦ ਹਮਲਿਆਂ 'ਚ ਜਾਨਾ ਗਵਾਉਣ ਵਾਲੇ ਨਿਰਦੋਸ਼ ਲੋਕਾਂ ਅਤੇ ਸੁਰੱਖਿਆ ਮੁਲਜ਼ਮਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ |

- ਭਾਰਤ ਨੇ ਸਾਲ 2025-26 ਵਿੱਚ 37 ਕਰੋੜ 80 ਲੱਖ ਟਨ ਤੋਂ ਵੱਧ ਅਨਾਜ ਉਤਪਾਦਨ ਦਾ ਨਵਾਂ ਰਿਕਾਰਡ ਕਾਇਮ ਕੀਤਾ ਏ।

- ਚੋਣ ਕਮਿਸ਼ਨ ਨੇ 25 ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਮੌਜੂਦਾ ਵੋਟਰ ਸੂਚੀਆਂ 'ਚ ਗ਼ਲਤ ਜਾਂ ਤਰੁਟੀਪੂਰਨ ਦਾਖਲਿਆਂ ਨੂੰ ਠੀਕ ਕਰਨ ਲਈ ਕਿਹਾ ਏ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਸ਼ਾਮ 6 ਵਜ ਕੇ 20 ਮਿੰਟ 'ਤੇ ਹੋਏਗਾ. ਨਮਸਕਾਰ!